**ਪਉੜੀ ॥ ਸਤਿਗੁਰੁ ਹੋਇ ਦਇਆਲੁ ਤ ਸਰਧਾ ਪੂਰੀਐ ॥ ਸਤਿਗੁਰੁ ਹੋਇ ਦਇਆਲੁ ਨ ਕਬਹੂੰ ਝੂਰੀਐ ॥ ਸਤਿਗੁਰੁ ਹੋਇ ਦਇਆਲੁ ਤਾ ਦੁਖੁ ਨ ਜਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਹਰਿ ਰੰਗੁ ਮਾਣੀਐ ॥ ਸਤਿਗੁਰੁ ਹੋਇ ਦਇਆਲੁ ਤਾ ਜਮ ਕਾ ਡਰੁ ਕੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਸਦ ਹੀ ਸੁਖੁ ਦੇਹਾ ॥ ਸਤਿਗੁਰੁ ਹੋਇ ਦਇਆਲੁ ਤਾ ਨਵ ਨਿਧਿ ਪਾਈਐ ॥ ਸਤਿਗੁਰੁ ਹੋਇ ਦਇਆਲੁ ਤ ਸਚਿ ਸਮਾਈਐ ॥੨੫॥ {ਪੰਨਾ 149}**

ਪਦਅਰਥ:- ਸਰਧਾ—ਸਿਧਕ, ਭਰੋਸਾ। ਦਇਆਲੁ—ਮਿਹਰਬਾਨ। ਪੂਰੀਐ—ਪੂਰਾ, ਪੱਕਾ।

ਅਰਥ:- ਜਿਸ ਮਨੁੱਖ ਉੱਤੇ ਸਤਿਗੁਰੂ ਕਿਰਪਾ ਕਰੇ (ਉਸ ਦੇ ਅੰਦਰ ਪਰਮਾਤਮਾ ਉੱਤੇ) ਪੱਕਾ ਭਰੋਸਾ ਬੱਝ ਜਾਂਦਾ ਹੈ, ਉਹ (ਕਿਸੇ ਦੁੱਖ-ਕਲੇਸ਼ ਦੇ ਆਉਣ ਤੇ) ਕਦੇ ਗਿਲਾ ਗੁਜ਼ਾਰੀ ਨਹੀਂ ਕਰਦਾ (ਕਿਉਂਕਿ) ਉਹ (ਕਿਸੇ ਆਏ ਦੁੱਖ ਨੂੰ) ਦੁੱਖ ਨਹੀਂ ਸਮਝਦਾ, ਸਦਾ ਪ੍ਰਭੂ ਦੇ ਮੇਲ ਦਾ ਆਨੰਦ ਮਾਣਦਾ ਹੈ। (ਦੁੱਖ ਕਲੇਸ਼ ਤਾਂ ਕਿਤੇ ਰਿਹਾ) ਉਸ ਨੂੰ ਜਮ ਦਾ ਭੀ ਡਰ ਨਹੀਂ ਰਹਿੰਦਾ (ਇਸ ਤਰ੍ਹਾਂ) ਉਸ ਦੇ ਸਰੀਰ ਨੂੰ ਸਦਾ ਸੁਖ ਰਹਿੰਦਾ ਹੈ। ਜਿਸ ਉਤੇ ਗੁਰੂ ਦਇਆਵਾਨ ਹੋ ਜਾਏ ਉਸ ਨੂੰ (ਮਾਨੋ) ਜਗਤ ਦੇ ਨੌ ਹੀ ਖ਼ਜ਼ਾਨੇ ਮਿਲ ਪਏ ਹਨ (ਕਿਉਂਕਿ) ਉਹ ਤਾਂ (ਖ਼ਜ਼ਾਨਿਆਂ ਦੇ ਮਾਲਕ ) ਸੱਚੇ ਪ੍ਰਭੂ ਵਿਚ ਜੁੜਿਆ ਰਹਿੰਦਾ ਹੈ। 24।